ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਤਹਿਤ ਜ਼ਿਲ੍ਹਾ ਤਰਨਤਾਰਨ ਦੇ 27,369 ਲਾਭਪਾਤਰੀਆਂ ਦੇ ਭਰੇ ਗਏ ਫਾਰਮ : ਡਿਪਟੀ ਕਮਿਸ਼ਨਰ

ਵੈਰੀਫਿਕੇਸ਼ਨ ਉਪਰੰਤ ਯੋਗ ਪਾਏ ਗਏ ਲਾਭਪਾਤਰੀਆਂ ਨੂੰ ਦਿੱਤਾ ਜਾਵੇਗਾ ਸਹੂਲਤਾਂ ਦਾ ਲਾਭ

ਤਰਨਤਾਰਨ, 24 ਨਵੰਬਰ :

ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਤਹਿਤ ਵੱਖ-ਵੱਖ ਸਕੀਮਾਂ ਅਧੀਨ ਲਾਭ ਲੈਣ ਵਾਲੇ ਯੋਗ ਲਾਭਪਾਤਰੀਆਂ ਦੀ ਪਛਾਣ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਏ ਗਏ ਕੈਂਪਾਂ ਦੌਰਾਨ 24 ਨਵੰਬਰ ਤੱਕ ਵੱਖ-ਵੱਖ ਸਕੀਮਾਂ ਤਹਿਤ 27,369 ਲਾਭਪਾਤਰੀਆਂ ਦੇ ਫਾਰਮ ਭਰੇ ਗਏ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਇਸ ਸਬੰਧੀ ਕੀਤੀ ਗਈ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਜਗਜੀਤ ਸਿੰਘ ਬੱਲ, ਉਪ ਅਰਥ ਤੇ ਆਂਕੜਾ ਸਲਾਹਕਾਰ ਸ੍ਰੀ ਅਮਨਦੀਪ ਸਿੰਘ ਸੈਣੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਲਗਾਏ ਗਏ ਕੈਂਪਾਂ ਦੌਰਾਨ ਸਬ ਡਵੀਜ਼ਨ ਤਰਨਤਾਰਨ ਵਿੱਚ 16 ਹਜ਼ਾਰ 534 ਲਾਭਪਾਤਰੀਆਂ, ਸਬ ਡਵੀਜ਼ਨ ਪੱਟੀ ਵਿੱਚ 8,496 ਅਤੇ ਸਬ ਡਵੀਜ਼ਨ ਖਡੂਰ ਸਾਹਿਬ 2349 ਲਾਭਪਾਤਰੀਆਂ ਦੇ ਫਾਰਮ ਭਰੇ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਪ੍ਰਾਪਤ ਕੀਤੇ ਗਏ ਫਾਰਮਾਂ ਨੂੰ ਸੰਬੰਧਿਤ ਵਿਭਾਗਾਂ ਨੂੰ ਭੇਜਿਆ ਜਾਵੇਗਾ ਤਾਂ ਜੋ ਇਨ੍ਹਾਂ ਫਾਰਮਾਂ ਦੀ ਵੈਰੀਫਿਕੇਸ਼ਨ ਕਰਨ ਉਪਰੰਤ ਯੋਗ ਲਾਭਪਾਤਰੀਆਂ ਦੀ ਪਛਾਣ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਵੈਰੀਫਿਕੇਸ਼ਨ ਉਪਰੰਤ ਸੰਬੰਧਿਤ ਵਿਭਾਗਾਂ ਵੱਲੋਂ ਯੋਗ ਪਾਏ ਗਏ ਲਾਭਪਾਤਰੀਆਂ ਨੂੰ ਸਹੂਲਤਾਂ ਦਾ ਲਾਭ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਹਾਤਮਾ ਗਾਂਧੀ ਸਰਬੱਤ ਵਿਕਾਸ ਯੋਜਨਾ ਤਹਿਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਪਹੁੰਚਾਉਣ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਸਰਵੇ ਕੀਤਾ ਜਾ ਰਿਹਾ ਹੈ ਤੇ ਫਾਰਮ ਭਰੇ ਜਾ ਰਹੇ ਹਨ। ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਕੈਂਪ ਲਗਾਉਣ ਤੋਂ ਤਿੰਨ ਦਿਨ ਪਹਿਲਾਂ ਪਿੰਡ ਵਾਸੀਆਂ ਨੂੰ ਇਸ ਸਬੰਧੀ ਜਾਣਕਾਰੀ ਦੇਣ ਲਈ ਪਿੰਡ ਵਿੱਚ ਮੁਨਾਦੀ ਕਰਵਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਪਹੁੰਚ ਸਕੇ।

--------------------